# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :14-05-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਭਾਰਤ ਦੇ ਚੋਣ ਕਮਿਸ਼ਨ ਵਲੋਂ ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਵਿਸ਼ੇਸ਼ ਗਹਿਨ ਸੋਧ ਦਾ ਐਲਾਨ।
- ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਰੇਲਵੇ ਦਾ ਵਿਕਾਸ ਬੇਮਿਸਾਲ ਪੱਧਰ 'ਤੇ. ਪਵਿੱਤਰ ਸ਼ਹਿਰ ਅੰਮ੍ਰਿਤਸਰ ਵਿੱਚ ਕਰੀਬ 502 ਕਰੋੜ ਰੁਪਏ ਨਾਲ ਇੱਕ ਵਿਸ਼ਵ ਪੱਧਰੀ ਰੇਲਵੇ ਸਟੇਸ਼ਨ ਦੀ ਯੋਜਨਾ.।
- ਸਰਕਾਰ ਨੇ ਕਿਹਾ ਏ ਕਿ 90 ਹਜ਼ਾਰ ਮੀਟ੍ਰਿਕ ਟਨ ਤੋਂ ਵੱਧ LPG ਲੈ ਕੇ ਆ ਰਹੇ ਦੋ ਸਮੁੰਦਰੀ ਜਹਾਜ਼, ਬੀਤੀ ਰਾਤ ਹੋਰਮੁਜ਼ ਪਣਜੋੜ ਪਾਰ ਕਰ ਗਏ ਨੇ.
- ਮੌਸਮ ਵਿਭਾਗ ਵਲੋਂ ਪੰਜਾਬ ਤੇ ਹਰਿਆਣਾ ਵਿਚ 16 ਤੋਂ 19 ਮਈ ਤਕ ਜ਼ਬਰਦਸਤ ਗਰਮੀ ਪੈਣ ਦਾ ਯੇਲੋ ਅਲਰਟ ਜਾਰੀ.
- IPL ਕ੍ਰਿਕੇਟ ਵਿੱਚ, ਅੱਜ ਪੰਜਾਬ ਕਿੰਗਜ਼ ਦਾ ਮੁਕਾਬਲਾ ਸ਼ਾਮੀਂ ਸਾਢੇ 7 ਵਜੇ ਮੁੰਬਈ ਇੰਡੀਅਨਜ਼ ਨਾਲ ਹੋਵੇਗਾ ।

## ਹੁਣ ਖ਼ਬਰਾਂ ਵਿਸਥਾਰ ਨਾਲ

---------------------------------------------------

ਭਾਰਤ ਦੇ ਚੋਣ ਕਮਿਸ਼ਨ ਨੇ ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (SIR) ਕਰਨ ਦਾ ਐਲਾਨ ਕੀਤਾ ਏ । ਕੁੱਲ ਮਿਲਾ ਕੇ, SIR ਆਪਣੇ ਤੀਜੇ ਪੜਾਅ ਤਹਿਤ ਦੇਸ਼ ਭਰ ਦੇ 16 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਕੀਤੀ ਜਾਏਗੀ. ਪੰਜਾਬ ਵਿੱਚ, 24 ਹਜ਼ਾਰ 453 ਬੂਥ ਪਧਰ ਅਧਿਕਾਰੀ (BLO), 25 ਜੂਨ ਤੋਂ 24 ਜੁਲਾਈ ਤੱਕ, 2 ਕਰੋੜ 14 ਲੱਖ 56 ਹਜ਼ਾਰ 297 ਵੋਟਰਾਂ ਤੋਂ ਅੰਕੜੇ ਇਕੱਤਰ ਕਰਨ ਲਈ ਘਰ-ਘਰ ਜਾਣਗੇ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਅੱਜ ਚੰਡੀਗੜ੍ਹ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਐਸ ਆਈ ਆਰ ਦਾ ਉਦੇਸ਼ ਏ ਕਿ ਕੋਈ ਵੀ ਯੋਗ ਨਾਗਰਿਕ ਇਸ ਤੋਂ ਬਾਹਰ ਨਾ ਰਹੇ ਅਤੇ ਕਿਸੇ ਵੀ ਅਯੋਗ ਵਿਅਕਤੀ ਨੂੰ ਚੋਣ ਸੂਚੀ ਵਿੱਚ ਸ਼ਾਮਲ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅੰਤਿਮ ਵੋਟਰ ਸੂਚੀਆਂ ਪਹਿਲੀ ਅਕਤੂਬਰ ਨੂੰ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ- BYTE-

ਹਰਿਆਣਾ ਅਤੇ ਚੰਡੀਗੜ੍ਹ ਵਿੱਚ, BLO, 15 ਜੂਨ ਤੋਂ 14 ਜੁਲਾਈ ਤੱਕ ਘਰਾਂ ਦਾ ਦੌਰਾ ਕਰਨਗੇ ਅਤੇ ਅੰਤਿਮ ਚੋਣ ਸੂਚੀਆਂ 22 ਸਤੰਬਰ ਨੂੰ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ ।

---------------------------------------------------

ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਕਿਹਾ ਏ ਕਿ ਪੰਜਾਬ ਵਿੱਚ ਰੇਲਵੇ ਦਾ ਵਿਕਾਸ ਬੇਮਿਸਾਲ ਪੱਧਰ 'ਤੇ ਹੋ ਰਿਹਾ ਏ. 2026-27 ਵਿੱਚ ਪੰਜਾਬ ਲਈ ਰੇਲਵੇ ਬਜਟ ਵੰਡ 5 ਹਜ਼ਾਰ 673 ਕਰੋੜ ਰੁਪਏ ਤੱਕ ਵਧ ਗਈ ਏ, ਜੋ ਕਿ 2009-14 ਦੌਰਾਨ ਸਾਲਾਨਾ ਔਸਤ ਵੰਡ ਨਾਲੋਂ ਲਗਭਗ 25 ਗੁਣਾ ਵੱਧ ਏ । ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਲਈ ਚਿੰਤਤ ਏ ਤੇ ਇਸ ਸਮੇਂ ਸੂਬੇ ਭਰ ਵਿੱਚ 26 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਪ੍ਰੋਜੈਕਟ ਚੱਲ ਰਹੇ ਨੇ. ਅੱਜ ਅੰਮ੍ਰਿਤਸਰ ਤੋਂ ਅੰਮ੍ਰਿਤਸਰ ਅਤੇ ਪੱਛਮੀ ਬੰਗਾਲ ਵਿੱਚ New Jalpaiguri ਵਿਚਕਾਰ ਹਫਤਾਵਾਰੀ ਅੰਮ੍ਰਿਤ ਭਾਰਤ ਐਕਸਪ੍ਰੈਸ ਰੇਲਗੱਡੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨ ਬਾਅਦ ਉਨ੍ਹਾਂ ਕਿਹਾ ਕਿ ਇਹ ਰੇਲਗੱਡੀ ਉੱਤਰੀ ਅਤੇ ਪੂਰਬੀ ਭਾਰਤ ਵਿਚਕਾਰ ਰੇਲ ਸੰਪਰਕ ਨੂੰ ਮਜ਼ਬੂਤ ਕਰੇਗੀ। ਇਸ ਨਾਲ ਪ੍ਰਵਾਸੀ ਮਜ਼ਦੂਰਾਂ, ਵਿਦਿਆਰਥੀਆਂ, ਕਾਰੋ ਬਾਰੀਆਂ, ਸੈਲਾਨੀਆਂ, ਸ਼ਰਧਾਲੂਆਂ ਅਤੇ ਪੰਜਾਬ, ਉੱਤਰ ਪ੍ਰਦੇਸ਼, ਬਿਹਾਰ ਤੇ ਪੱਛਮੀ ਬੰਗਾਲ ਵਿਚਕਾਰ ਯਾਤਰਾ ਕਰਨ ਵਾਲੇ <u>ਪਰਿਵਾਰਾਂ ਨੂੰ ਕਿਫਾਇਤੀ, ਆਰਾਮਦਾਇਕ ਅਤੇ ਲੰਮੀ ਦੂਰੀ ਦੀਆਂ ਆਧੁਨਿਕ ਯਾਤਰਾ ਸਹੂਲਤਾਂ ਨਾਲ ਕਾਫ਼ੀ ਲਾਭ ਹੋਵੇਗਾ- byte – bittu – 33 sec</u>

ਮੰਤਰੀ ਨੇ ਖੁਲਾਸਾ ਕੀਤਾ ਕਿ ਭਾਰਤੀ ਰੇਲਵੇ ਨੇ ਅੰਮ੍ਰਿਤਸਰ ਵਿੱਚ ਕਰੀਬ 502 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਇੱਕ ਵਿਸ਼ਵ ਪੱਧਰੀ ਰੇਲਵੇ ਸਟੇਸ਼ਨ ਦੀ ਯੋਜਨਾ ਬਣਾਈ ਏ, ਜੋ ਇਸ

ਪਵਿੱਤਰ ਸ਼ਹਿਰ ਦੀ ਸ਼ਾਨ, ਅਧਿਆਤਮਿਕਤਾ ਅਤੇ ਸੱਭਿਆਚਾਰਕ ਪਛਾਣ ਨੂੰ ਦਰਸਾਉਂਦਾ ਏ – byte – bittu STATION – 36 sec

ਉਨ੍ਹਾਂ ਇਹ ਵੀ ਕਿਹਾ ਕਿ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ, ਪੰਜਾਬ ਭਰ ਦੇ 30 ਰੇਲਵੇ ਸਟੇਸ਼ਨਾਂ ਨੂੰ ਵਿਸ਼ਵ ਪੱਧਰੀ ਯਾਤਰੀ ਸਹੂਲਤਾਂ ਨਾਲ ਮੁੜ ਵਿਕਸਤ ਕੀਤਾ ਜਾ ਰਿਹਾ ਏ । ਲੁਧਿਆਣਾ, ਜਲੰਧਰ, ਮੋਹਾਲੀ, ਆਨੰਦਪੁਰ ਸਾਹਿਬ ਅਤੇ ਸ੍ਰੀ ਮੁਕਤਸਰ ਸਾਹਿਬ ਸਮੇਤ ਪ੍ਰਮੁੱਖ ਸਟੇਸ਼ਨਾਂ ਦਾ ਵਿਆਪਕ ਆਧੁਨਿਕੀਕਰਨ ਕੀਤਾ ਜਾ ਰਿਹਾ ਏ. 462 ਕਰੋੜ ਰੁਪਏ ਦੀ ਲਾਗਤ ਨਾਲ ਚੰਡੀਗੜ੍ਹ ਰੇਲਵੇ ਸਟੇਸ਼ਨ ਨੂੰ ਮੁੜ੍ਹ ਵਿਕਸਿਤ ਕੀਤਾ ਜਾਣਾ ਰੇਲ ਭੂਮੀ ਵਿਕਾਸ ਅਥਾਰਟੀ ਵਲੋਂ ਚਲਾਏ ਜਾ ਰਹੇ ਪ੍ਰਮੁੱਖ ਪ੍ਰੋਜੈਕਟਾਂ ਵਿੱਚੋਂ ਇੱਕ ਏ । <><>

---------------------------------------------------------------

ਸਰਕਾਰ ਨੇ ਕਿਹਾ ਏ ਕਿ ਦੇਸ਼ ਭਰ ਵਿੱਚ ਕੱਚੇ ਤੇਲ, ਐਲ ਪੀ ਜੀ ਅਤੇ ਕੁਦਰਤੀ ਗੈਸ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਗਏ ਨੇ. ਅੱਜ ਨਵੀਂ ਦਿੱਲੀ ਵਿੱਚ ਪੱਛਮੀ ਏਸ਼ੀਆ ਵਿੱਚ ਹਾਲੀਆ ਗਤੀਵਿਧੀਆਂ ਬਾਰੇ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ‘ਚ ਜੋਇੰਟ ਸਕੱਤਰ, ਸੁਜਾਤਾ ਸ਼ਰਮਾ ਨੇ ਕਿਹਾ ਕਿ ਦੇਸ਼ ਭਰ ਵਿੱਚ ਘਰੇਲੂ ਐਲ ਪੀ ਜੀ ਸਪਲਾਈ ਸੁਚਾਰੂ ਬਣੀ ਹੋਈ ਏ ਅਤੇ ਕਿਸੇ ਵੀ ਡਿਸਟ੍ਰੀਬਿਊਟਰ ਕੋਲ ਕਿਸੇ ਤਰ੍ਹਾਂ ਦੀ ਘਾਟ ਦੀ ਕੋਈ ਖਬਰ ਨਹੀਂ ਏ.

ਉਨ੍ਹਾਂ ਕਿਹਾ ਕਿ ਤੇਲ ਸੋਧ ਕਾਰਖਾਨੇ ਵੱਧ ਤੋਂ ਵੱਧ ਸਮਰੱਥਾ ਨਾਲ ਕੰਮ ਕਰ ਰਹੇ ਨੇ ਅਤੇ ਐਲ ਪੀ ਜੀ ਸੰਪਰਕ ਵੀ ਵਧਿਆ ਏ - byte –

ਬੰਦਰਗਾਹਾਂ, ਜਹਾਜ਼ਰਾਨੀ ਅਤੇ ਜਲ ਮਾਰਗਾਂ ਬਾਰੇ ਸਕੱਤਰ ਮੁਕੇਸ਼ ਮੰਗਲ ਨੇ ਕਿਹਾ ਕਿ 20 ਤੋਂ ਵੱਧ ਚਾਲਕ ਦਲ ਦੇ ਮੈਂਬਰਾਂ ਨਾਲ 90 ਹਜ਼ਾਰ ਮੀਟ੍ਰਿਕ ਟਨ ਤੋਂ ਵੱਧ ਐਲ ਪੀ ਜੀ ਲੈ ਕੇ ਆ ਰਹੇ ਦੋ ਸਮੁੰਦਰੀ ਜਹਾਜ਼ ਬੀਤੀ ਰਾਤ ਹੋਰਮੁਜ਼ ਪਣਜੋੜ ਪਾਰ ਕਰ ਗਏ ਅਤੇ ਇਸ ਮਹੀਨੇ ਦੀ 16 ਤਰੀਕ ਨੂੰ ਉਨ੍ਹਾਂ ਦੇ ਪਹੁੰਚਣ ਦੀ ਉਮੀਦ ਏ।

---------------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ’ਚ ਕਿਤਾਬਾਂ ਦੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਬਰਾਬਰ ਦੀ ਗ੍ਰਾਂਟ ਦੇਣ ਦਾ ਪ੍ਰਬੰਧ ਕੀਤਾ ਏ। ਇਸ ਕਾਰਜ ਦੀ ਜ਼ਿੰਮੇਵਾਰੀ ਭਾਸ਼ਾ ਵਿਭਾਗ ਪੰਜਾਬ ਨੂੰ ਸੌਂਪੀ ਗਈ ਏ। ਭਾਸ਼ਾਵਾਂ ਬਾਰੇ ਡਾਇਰੈਕਟਰ ਦੀ ਅਗਵਾਈ ’ਚ ਇਸ ਗ੍ਰਾਂਟ ਤਹਿਤ ਵਿਭਾਗ ਵੱਲੋਂ ਸੂਬੇ ਦੀਆਂ ਦਿਹਾਤੀ ਲਾਇਬਰੇਰੀਆਂ, ਸਕੂਲਾਂ ਤੇ ਕਾਲਜਾਂ ਨੂੰ ਕਿਤਾਬਾਂ ਪ੍ਰਦਾਨ ਕੀਤੀਆਂ ਜਾਣਗੀਆਂ। ਇਸ ਗ੍ਰਾਂਟ ਤਹਿਤ ਜਿੰਨੀ ਰਕਮ ਦੀਆਂ ਕਿਤਾਬਾਂ ਕੋਈ ਸੰਸਥਾ ਖਰੀਦੇਗੀ, ਓਨੇ ਮੁੱਲ ਦੀ ਕਿਤਾਬਾਂ ਭਾਸ਼ਾ ਵਿਭਾਗ ਪੰਜਾਬ ਵੱਲੋਂ ਮੁਫ਼ਤ ਪ੍ਰਦਾਨ ਕੀਤੀਆਂ ਜਾਣਗੀਆਂ। ਇਸ ਸਬੰਧੀ ਵਿਭਾਗ ਦੇ ਸਹਾਇਕ ਨਿਰਦੇਸ਼ਕ (ਸੇਲ) ਤੇਜਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਇਸ ਗ੍ਰਾਂਟ ਤਹਿਤ ਕਿਤਾਬਾਂ, ਭਾਸ਼ਾ ਵਿਭਾਗ ਦੇ ਜ਼ਿਲ੍ਹਾ ਦਫ਼ਤਰਾਂ ਤੋਂ ਵੀ ਪ੍ਰਾਪਤ ਕੀਤੀਆਂ ਜਾ ਸਕਦੀਆਂ ਨੇ.

-----------------------------------------------------------------

ਮੌਸਮ ਵਿਭਾਗ ਵੱਲੋਂ ਪੰਜਾਬ ਅਤੇ ਹਰਿਆਣਾ ਵਿੱਚ ਅੱਜ ਅਤੇ ਭਲਕੇ 15 ਮਈ ਨੂੰ ਵੀ ਕਈ  ਥਾਵਾਂ ਤੇ ਗਰਜ ,  ਚਮਕ ਅਤੇ ਤੇਜ਼ ਹਵਾਵਾਂ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਦਾ YELLOW ਅਲਰਟ ਜਾਰੀ ਕੀਤਾ ਏ । ਇਸ ਤੋਂ ਬਾਅਦ 16 ਮਈ ਤੋਂ 20 ਮਈ ਤੱਕ ਦੋਵਾਂ ਰਾਜਾਂ ਵਿੱਚ

ਜ਼ਬਰਦਸਤ ਗਰਮੀ ਪੈਣ ਦੀ ਪੇਸ਼ੀਨਗੋਈ ਕੀਤੀ ਗਈ ਏ ।

ਇਸ ਦੌਰਾਨ ਪੰਜਾਬ ਵਿੱਚ ਅੱਜ ਬਠਿੰਡਾ 42.7 ਡਿਗਰੀ ਸੈਲਸੀਅਸ ਤਾਪਮਾਨ ਨਾਲ ਸਭ ਤੋਂ ਗਰਮ ਸ਼ਹਿਰ  ਰਿਹਾ ਜਦਕਿ ਹਰਿਆਣਾ ਦੇ ਸਿਰਸਾ ਵਿੱਚ ਵੱਧ ਤੋਂ ਵੱਧ ਤਾਪਮਾਨ 44 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ।

-----------------------------------------------------------------

IPL ਕ੍ਰਿਕੇਟ ਵਿੱਚ, ਪੰਜਾਬ ਕਿੰਗਜ਼ ਦਾ ਮੁਕਾਬਲਾ ਅੱਜ ਮੁੰਬਈ ਇੰਡੀਅਨਜ਼ ਨਾਲ ਹੋਵੇਗਾ । ਇਹ ਮੈਚ ਹਿਮਾਚਲ ਪ੍ਰਦੇਸ਼ ਦੇ ਧਰਮਸ਼ਾਲਾ ਵਿੱਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ।

-----------------------------------------------------------------

- ਭਾਰਤ ਦੇ ਚੋਣ ਕਮਿਸ਼ਨ ਵਲੋਂ ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਵਿਸ਼ੇਸ਼ ਗਹਿਨ ਸੋਧ ਦਾ ਐਲਾਨ।

- ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਰੇਲਵੇ ਦਾ ਵਿਕਾਸ ਬੇਮਿਸਾਲ ਪੱਧਰ 'ਤੇ. ਪਵਿੱਤਰ ਸ਼ਹਿਰ ਅੰਮ੍ਰਿਤਸਰ ਵਿੱਚ ਕਰੀਬ 502 ਕਰੋੜ ਰੁਪਏ ਨਾਲ ਇੱਕ ਵਿਸ਼ਵ ਪੱਧਰੀ ਰੇਲਵੇ ਸਟੇਸ਼ਨ ਦੀ ਯੋਜਨਾ.।
- ਸਰਕਾਰ ਨੇ ਕਿਹਾ ਏ ਕਿ 90 ਹਜ਼ਾਰ ਮੀਟ੍ਰਿਕ ਟਨ ਤੋਂ ਵੱਧ LPG ਲੈ ਕੇ ਆ ਰਹੇ ਦੋ ਸਮੁੰਦਰੀ ਜਹਾਜ਼, ਬੀਤੀ ਰਾਤ ਹੋਰਮੁਜ਼ ਪਣਜੋੜ ਪਾਰ ਕਰ ਗਏ ਨੇ.
- ਮੌਸਮ ਵਿਭਾਗ ਵਲੋਂ ਪੰਜਾਬ ਤੇ ਹਰਿਆਣਾ ਵਿਚ 16 ਤੋਂ 19 ਮਈ ਤਕ ਜ਼ਬਰਦਸਤ ਗਰਮੀ ਪੈਣ ਦਾ ਯੇਲੋ ਅਲਰਟ ਜਾਰੀ.
- IPL ਕ੍ਰਿਕੇਟ ਵਿੱਚ, ਅੱਜ ਪੰਜਾਬ ਕਿੰਗਜ਼ ਦਾ ਮੁਕਾਬਲਾ ਸ਼ਾਮੀਂ ਸਾਢੇ 7 ਵਜੇ ਮੁੰਬਈ ਇੰਡੀਅਨਜ਼ ਨਾਲ ਹੋਵੇਗਾ ।

---------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ** !